# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :23-02-2026**

ਗੁਰਦਾਸਪੁਰ ਦੇ ਇਕ ਸਰਹੱਦੀ ਪਿੰਡ ਦੀ ਚੋਕੀ ਚ ਬੀਤੇ ਦਿਨ ਗੋਲੀਆਂ ਲੱਗਣ ਕਾਰਨ ਮਾਰੇ ਗਏ ਪੰਜਾਬ ਪੁਲਿਸ ਦੋ ਮੁਲਾਜ਼ਮਾਂ ਨੂੰ ਸੂਬਾ ਸਰਕਾਰ ਨੇ ਸ਼ਹੀਦ ਐਲਾਨਿਆ ਏ । ਉਨ੍ਹਾਂ ਦੇ ਪਰਿਵਾਰਾਂ ਲਈ 1-1 ਕਰੋੜ ਰੁਪਏ ਦੀ ਐਕਸ ਗ੍ਰੇਸ਼ੀਆ ਰਾਸ਼ੀ ਦਾ ਵੀ ਐਲਾਨ ਕੀਤਾ ਗਿਆ ਏ । ਮ੍ਰਿਤਕਾਂ ਦੀ ਪਛਾਣ ਸਹਾਇਕ ਸਬ ਇੰਸਪੈਕਟਰ ਗੁਰਨਾਮ ਸਿੰਘ ਤੇ ਇੱਕ ਹੋਮ ਗਾਰਡ ਅਸ਼ੋਕ ਕੁਮਾਰ ਵਜੋਂ ਹੋਈ ਏ । ਪੰਜਾਬ ਪੁਲਿਸ ਮੁਖੀ dgp ਗੌਰਵ ਯਾਦਵ ਨੇ ਇਕ ਸੋਸ਼ਲ ਮੀਡੀਆ ਪੋਸਟ ਵਿੱਚ ਐਲਾਨ ਕੀਤਾ ਏ ਕਿ ਦੋਵਾਂ ਨੇ ਡਿਊਟੀ ਦੌਰਾਨ ਆਪਣੀਆਂ ਜਾਨਾਂ ਵਾਰ ਦਿੱਤੀਆਂ ਨੇ । ਪੰਜਾਬ ਪੁਲਿਸ ਇਸ ਦੁੱਖ ਦੀ ਘੜੀ ਵਿੱਚ ਦੁਖੀ ਪਰਿਵਾਰਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਏ । ਸ੍ਰੀ ਯਾਦਵ ਨੇ ਕਿਹਾ ਕਿ ਮੁੱਖ ਮੰਤਰੀ ਨੇ ਐਕਸ ਗ੍ਰੇਸ਼ੀਆ ਰਾਸ਼ੀ ਦਾ ਐਲਾਨ ਕੀਤਾ ਏ ਤੇ ਦੋਵਾਂ ਪਰਿਵਾਰਾਂ ਨੂੰ ਐਚਡੀਐਫਸੀ ਬੈਂਕ ਵੱਲੋਂ 1 ਕਰੋੜ ਰੁਪਏ ਦੀ ਵਾਧੂ ਬੀਮਾ ਰਾਸ਼ੀ ਵੀ

ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਹੈ ਕਿ ਸ਼ਹੀਦਾਂ ਨੂੰ ਪੂਰਾ ਪੁਲਿਸ ਸਨਮਾਨ ਦਿੱਤਾ ਜਾਵੇਗਾ । ਇਸ ਦੌਰਾਨ, ਸਰਕਾਰੀ ਸੂਤਰਾਂ ਦੇ ਹਵਾਲੇ ਨਾਲ, ਸਾਡੇ ਪੱਤਰਕਾਰ ਨੇ ਰਿਪੋਰਟ ਦਿੱਤੀ ਏ ਕਿ ਉਨ੍ਹਾਂ ਦੀਆਂ ਲਾਸ਼ਾਂ ਕੱਲ੍ਹ ਜਾਂਚ ਚੋਕੀ ਦੇ ਅੰਦਰੋਂ ਮਿਲੀਆਂ ਸਨ। ਪੁਲਿਸ ਜਾਂਚ ਜਾਰੀ ਏ।

---

ਬੀਤੇ ਦਿਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਤਿੰਨ ਰੋਜ਼ਾ ਵਿਸ਼ਵ ਪੰਜਾਬੀ ਕਾਨਫਰੰਸ ਦੇ ਸਮਾਪਤੀ ਸਮਾਰੋਹ ਦੌਰਾਨ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਪੰਜਾਬੀ ਭਾਸ਼ਾ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਨਾਲ ਜੋੜਨ ਲਈ ਇੱਕ ਤਿੰਨ ਨੁਕਾਤੀ ਨਵਾਂ ਵਿਜ਼ਨ ਪੇਸ਼ ਕੀਤਾ ਏ, ਜਿਸ ਵਿਚ ਏਆਈ ਦੇ ਲੰਗਰ ਦਾ ਇਕ ਨਵਾਂ ਸੰਕਲਪ ਅਤੇ ਨਿਵੇਕਲਾ ਵਿਚਾਰ ਪੇਸ਼ ਕੀਤਾ ਗਿਆ ਏ । ਪੰਜਾਬੀ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਇਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ ਤੇ ਸੱਭਿਆਚਾਰ ਨੂੰ ਆਧੁਨਿਕ ਤਕਨਾਲੋਜੀ ਨਾਲ ਜੋੜਨਾ ਸਮੇਂ ਦੀ ਲੋੜ ਏ , ਤਾਂ ਜੋ ਅਸੀਂ ਭਵਿੱਖ ਦੀਆਂ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰ ਸਕੀਏ। ਉਨ੍ਹਾਂ

ਇਸ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਆਮ ਲੋਕਾਂ ਨੂੰ ਸਿਖਾਉਣ ਲਈ ਇਸ ਦਾ ਲੰਗਰ ਲਗਾਉਣ ਦੀ ਤਜਵੀਜ਼ ਪੇਸ਼ ਕੀਤੀ । **BYTE**

ਪ੍ਰੋ ਕਰਮਜੀਤ ਸਿੰਘ ਨੇ ਕਿਹਾ ਕਿ ਵਿਸ਼ਵ ਪੰਜਾਬੀ ਕਾਨਫਰੰਸ ਸਿਰਫ਼ ਵਿਚਾਰ-ਵਟਾਂਦਰੇ ਦਾ ਮੰਚ ਨਹੀਂ, ਸਗੋਂ ਵਿਸ਼ਵ ਭਰ ਦੇ ਪੰਜਾਬੀਆਂ ਨੂੰ ਇੱਕ ਮੰਚ ਤੇ ਲਿਆ ਕੇ ਸਾਂਝੀ ਸੋਚ ਨੂੰ ਮਜਬੂਤ ਕਰਨ ਦਾ ਉਪਰਾਲਾ ਏ । ਉਹਨਾਂ ਕਿਹਾ ਕਿ  ਆਪਣੇ ਇਸ ਮਕਸਦ ਨੂੰ ਹਾਸਲ ਕਰਨ ਲਈ ਇਕ ਅਜਿਹਾ ਰਾਜ-ਪੱਧਰੀ ਈਕੋਸਿਸਟਮ ਤਿਆਰ ਕਰਨ ਦੀ ਲੋੜ ਏ, ਜਿਸ ਵਿਚ ਭਾਸ਼ਾ ਤਕਨਾਲੋਜੀ ਵਿਚ ਪੰਜਾਬੀ ਨੂੰ ਡਿਜੀਟਲ ਦੁਨੀਆ ਦੀ ਮੋਹਰੀ ਭਾਸ਼ਾ ਬਣਾਉਣਾ ਲਈ ਰੱਲ ਕਿ ਹੰਬਲਾ ਮਾਰਿਆ ਜਾਏ । ਓਹਨਾਂ ਕਿਹਾ ਕਿ ਇਹ ਉਪਰਾਲਾ ਪੰਜਾਬ ਨੂੰ ਸਵੈ-ਨਿਰਭਰ ਤੇ ਪ੍ਰਗਤੀਸ਼ੀਲ ਬਣਾਉਣ ਦੀ ਦਿਸ਼ਾ ਵਿੱਚ ਅਹਿਮ ਭੂਮਿਕਾ ਨਿਭਾਏਗਾ ।

---------------------------------------------------------------------------------------

ਪੰਜਾਬ ਸਰਕਾਰ ਵਲੋਂ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ ਕੀਤੀ ‘ਸਾਡੇ ਬਜ਼ੁਰਗ, ਸਾਡਾ ਮਾਣ’ ਮੁਹਿੰਮ ਤਹਿਤ ਜਲੰਧਰ ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਮੁਫ਼ਤ ਸਿਹਤ ਜਾਂਚ ਕੈਂਪ ਲਗਾਏ ਜਾ ਰਹੇ ਨੇ । ਇਸ ਬਾਰੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਅੱਜ  ਨਕੋਦਰ ਵਿਖੇ

ਸਿਹਤ ਜਾਂਚ ਕੈਂਪ ਲਗਾਇਆ ਗਿਆ ਏ, ਜਿਸ ਵਿੱਚ ਅੱਖਾਂ ਦਾ ਮੋਤੀਆ, ਜੋੜਾਂ ਦੇ ਦਰਦ ਤੇ ਹੋਰ ਸਰੀਰਿਕ ਬਿਮਾਰੀਆਂ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ। ਇਸੇ ਤਰ੍ਹਾਂ 2 ਮਾਰਚ ਨੂੰ ਸੀ.ਐਚ.ਸੀ. ਕਰਤਾਰਪੁਰ, 9 ਮਾਰਚ ਨੂੰ ਐਸ.ਡੀ.ਐਚ. ਫਿਲੌਰ ਤੇ 16 ਮਾਰਚ ਨੂੰ ਪੀ.ਐਚ.ਸੀ.ਜੰਡਿਆਲਾ ਵਿਖੇ ਕੈਂਪ ਲਗਾਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਅੱਖਾਂ ਦੀ ਜਾਂਚ ਦੌਰਾਨ ਜਿਹੜੇ ਮਰੀਜ਼ ਸਰਜਰੀ ਦੀ ਲੋੜ ਵਾਲੇ ਪਾਏ ਗਏ, ਉਨ੍ਹਾਂ ਦੇ ਆਪ੍ਰੇਸ਼ਨ ਸਿਹਤ ਵਿਭਾਗ ਵੱਲੋਂ ਮੁਫ਼ਤ ਕਰਵਾਏ ਜਾਣਗੇ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਆਪਣੇ ਘਰਾਂ ਅਤੇ ਆਸ-ਪਾਸ ਰਹਿੰਦੇ ਬਜ਼ੁਰਗਾਂ ਨੂੰ ਇਨ੍ਹਾਂ ਕੈਂਪਾਂ ਵਿੱਚ ਵੱਡੀ ਗਿਣਤੀ ਵਿੱਚ ਲੈ ਕੇ ਪਹੁੰਚਣ ਤਾਂ ਜੋ ਉਹ ਇਨ੍ਹਾਂ ਸਹੂਲਤਾਂ ਦਾ ਲਾਭ ਲੈ ਸਕਣ।

------------------------------------------------------------------------------------

ਕਾਊਂਟਰ ਇੰਟੈਲੀਜੈਂਸ ਜਲੰਧਰ ਨੇ ਮੋਹਾਲੀ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿਚ ਹਿਮਾਚਲ ਪ੍ਰਦੇਸ਼ ਦੇ ਨਾਲਾਗੜ੍ਹ ਪੁਲਿਸ ਸਟੇਸ਼ਨ ’ਤੇ ਆਈ.ਈ.ਡੀ. ਧਮਾਕੇ ਵਿੱਚ ਸ਼ਾਮਲ ਦੋ ਮੁੱਖ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਏ, ਜਿਨਾਂ ਦੀ ਪਛਾਣ ਐਸ.ਬੀ.ਐਸ. ਨਗਰ ਦੇ ਰਹਿਣ ਵਾਲੇ ਮਹਾਵੀਰ ਤੇ ਮਨਪ੍ਰੀਤ ਵਜੋਂ ਹੋਈ ਏ। ਉਨ੍ਹਾਂ ਦੇ ਕਬਜ਼ੇ ਚੋਂ ਇਕ 9 ਐਮ.ਐਮ.

ਗਲੌਕ ਪਿਸਤੌਲ ਤੇ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਇਸ ਬਾਰੇ ਪੰਜਾਬ ਪੁਲਿਸ ਮੁਖੀ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਬੱਬਰ ਖਾਲਸਾ ਇੰਟਰਨੈਸ਼ਨਲ (ਬੀ.ਕੇ.ਆਈ.) ਨਾਲ ਜੁੜੇ ਵਿਦੇਸ਼ ਅਧਾਰਤ ਮਾਸਟਰਮਾਈਂਡ ਗੋਪੀ ਨਵਾਸ਼ਹਰੀਆ, ਜੱਸੀ ਕੁਲਾਮ ਤੇ ਸ਼ੁਸ਼ਾਂਤ ਚੋਪੜਾ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਡੀਜੀਪੀ ਨੇ ਦੱਸਿਆ ਕਿ ਛੇ ਮੁਲਜ਼ਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁਕਾ ਏ , ਜੋ ਅੱਤਵਾਦੀ ਹਾਰਡਵੇਅਰ ਪ੍ਰਾਪਤ ਕਰਕੇ ਅੱਗੇ ਸਪਲਾਈ ਕਰ ਰਹੇ ਸਨ।

-----------------------------------------------------------------------

ਫਾਜ਼ਿਲਕਾ ਵਿਖੇ ਅਬੋਹਰ ਹਨੂੰਮਾਨਗੜ੍ਹ ਰੋਡ 'ਤੇ ਬੀਤੀ ਰਾਤ ਵਾਪਰੇ ਇੱਕ ਸੜਕ ਹਾਦਸੇ ਵਿੱਚ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਤੇ ਦੋ ਹੋਰ ਗੰਭੀਰ ਜ਼ਖਮੀ ਹੋ ਗਏ ਨੇ। ਜਾਣਕਾਰੀ ਅਨੁਸਾਰ ਤੇਜ਼ ਰਫ਼ਤਾਰ ਕਾਰ ਸੰਤੁਲਨ ਗੁਆਉਣ ਕਾਰਨ ਇੱਕ ਵਾਹਨ ਨਾਲ ਟਕਰਾ ਗਈ, ਜਿਸ ਕਾਰਨ  ਤਿਨ ਨੌਜਵਾਨ ਗੰਭੀਰ ਜ਼ਖਮੀ ਹੋ ਗਏ, ਜਿਨਾਂ ਦੀ  ਇਲਾਜ ਦੌਰਾਨ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਉਦੈ ਅਤੇ ਵਿਸ਼ਾਲ (ਦੋਵੇਂ

ਭਰਾ) ਤੇ  ਰਮਨ ਵਜੋਂ ਹੋਈ ਏ। ਪੁਲਿਸ ਨੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਏ।